# ਤੁਖਾਰੀ ਬਾਰਾ ਮਾਹਾ

ਤੁਖਾਰੀ ਛੰਤ ਮਹਲਾ ੧
ਬਾਰਹ ਮਾਹਾ
ੴ ਸਤਿਗੁਰ ਪ੍ਰਸਾਦਿ ॥

ਤੂ ਸੁਣਿ ਕਿਰਤ ਕਰੰਮਾ ਪੁਰਬਿ ਕਮਾਇਆ ॥
ਸਿਰਿ ਸਿਰਿ ਸੁਖ ਸਹੰਮਾ ਦੇਹਿ ਸੁ ਤੂ ਭਲਾ ॥
ਹਰਿ ਰਚਨਾ ਤੇਰੀ ਕਿਆ ਗਤਿ ਮੇਰੀ ਹਰਿ ਬਿਨੁ ਘੜੀ ਨ ਜੀਵਾ ॥
ਪ੍ਰਿਅ ਬਾਝੁ ਦੁਹੇਲੀ ਕੋਇ ਨ ਬੇਲੀ ਗੁਰਮੁਖਿ ਅੰਮ੍ਰਿਤੁ ਪੀਵਾਂ ॥
ਰਚਨਾ ਰਾਚਿ ਰਹੇ ਨਿਰੰਕਾਰੀ ਪ੍ਰਭ ਮਨਿ ਕਰਮ ਸੁਕਰਮਾ ॥
ਨਾਨਕ ਪੰਥੁ ਨਿਹਾਲੇ ਸਾ ਧਨ ਤੂ ਸੁਣਿ ਆਤਮ ਰਾਮਾ ॥੧॥

ਬਾਬੀਹਾ ਪ੍ਰਿਉ ਬੋਲੇ ਕੋਕਿਲ ਬਾਣੀਆ ॥
ਸਾ ਧਨ ਸਭਿ ਰਸ ਚੋਲੈ ਅੰਕਿ ਸਮਾਣੀਆ ॥
ਹਰਿ ਅੰਕਿ ਸਮਾਣੀ ਜਾ ਪ੍ਰਭ ਭਾਣੀ ਸਾ ਸੋਹਾਗਣਿ ਨਾਰੇ ॥
ਨਵ ਘਰ ਥਾਪਿ ਮਹਲ ਘਰੁ ਊਚਉ ਨਿਜ ਘਰਿ ਵਾਸੁ ਮੁਰਾਰੇ ॥
ਸਭ ਤੇਰੀ ਤੂ ਮੇਰਾ ਪ੍ਰੀਤਮੁ ਨਿਸਿ ਬਾਸੁਰ ਰੰਗਿ ਰਾਵੈ ॥
ਨਾਨਕ ਪ੍ਰਿਉ ਪ੍ਰਿਉ ਚਵੈ ਬਬੀਹਾ ਕੋਕਿਲ ਸਬਦਿ ਸੁਹਾਵੈ ॥੨॥

ਤੂ ਸੁਣਿ ਹਰਿ ਰਸ ਭਿੰਨੇ ਪ੍ਰੀਤਮ ਆਪਣੇ ॥
ਮਨਿ ਤਨਿ ਰਵਤ ਰਵੰਨੇ ਘੜੀ ਨ ਬੀਸਰੈ ॥
ਕਿਉ ਘੜੀ ਬਿਸਾਰੀ ਹਉ ਬਲਿਹਾਰੀ ਹਉ ਜੀਵਾ ਗੁਣ ਗਾਏ ॥
ਨਾ ਕੋਈ ਮੇਰਾ ਹਉ ਕਿਸੁ ਕੇਰਾ ਹਰਿ ਬਿਨੁ ਰਹਣੁ ਨ ਜਾਏ ॥
ਓਟ ਗਹੀ ਹਰਿ ਚਰਣ ਨਿਵਾਸੇ ਭਏ ਪਵਿਤ੍ਰ ਸਰੀਰਾ ॥
ਨਾਨਕ ਦ੍ਰਿਸਟਿ ਦੀਰਘ ਸੁਖੁ ਪਾਵੈ ਗੁਰ ਸਬਦੀ ਮਨੁ ਧੀਰਾ ॥੩॥

ਬਰਸੈ ਅੰਮ੍ਰਿਤ ਧਾਰ ਬੂੰਦ ਸੁਹਾਵਣੀ ॥

ਸਾਜਨ ਮਿਲੇ ਸਹਜਿ ਸੁਭਾਇ ਹਰਿ ਸਿਉ ਪ੍ਰੀਤਿ ਬਣੀ ॥
ਹਰਿ ਮੰਦਰਿ ਆਵੈ ਜਾ ਪ੍ਰਭ ਭਾਵੈ ਧਨ ਊਭੀ ਗੁਣ ਸਾਰੀ ॥
ਘਰਿ ਘਰਿ ਕੰਤੁ ਰਵੈ ਸੋਹਾਗਣਿ ਹਉ ਕਿਉ ਕੰਤਿ ਵਿਸਾਰੀ ॥
ਉਨਵਿ ਘਨ ਛਾਏ ਬਰਸੁ ਸੁਭਾਏ ਮਨਿ ਤਨਿ ਪ੍ਰੇਮੁ ਸੁਖਾਵੈ ॥
ਨਾਨਕ ਵਰਸੈ ਅੰਮ੍ਰਿਤ ਬਾਣੀ ਕਰਿ ਕਿਰਪਾ ਘਰਿ ਆਵੈ ॥੪॥

ਚੇਤੁ ਬਸੰਤੁ ਭਲਾ ਭਵਰ ਸੁਹਾਵੜੇ ॥
ਬਨ ਫੂਲੇ ਮੰਝ ਬਾਰਿ ਮੈ ਪਿਰੁ ਘਰਿ ਬਾਹੁੜੈ ॥
ਪਿਰੁ ਘਰਿ ਨਹੀ ਆਵੈ ਧਨ ਕਿਉ ਸੁਖੁ ਪਾਵੈ ਬਿਰਹਿ ਬਿਰੋਧ ਤਨੁ ਛੀਜੈ ॥
ਕੋਕਿਲ ਅੰਬਿ ਸੁਹਾਵੀ ਬੋਲੈ ਕਿਉ ਦੁਖੁ ਅੰਕਿ ਸਹੀਜੈ ॥
ਭਵਰੁ ਭਵੰਤਾ ਫੂਲੀ ਡਾਲੀ ਕਿਉ ਜੀਵਾ ਮਰੁ ਮਾਏ ॥
ਨਾਨਕ ਚੇਤਿ ਸਹਜਿ ਸੁਖੁ ਪਾਵੈ ਜੇ ਹਰਿ ਵਰੁ ਘਰਿ ਧਨ ਪਾਏ ॥੫॥

ਵੈਸਾਖੁ ਭਲਾ ਸਾਖਾ ਵੇਸ ਕਰੇ ॥
ਧਨ ਦੇਖੈ ਹਰਿ ਦੁਆਰਿ ਆਵਹੁ ਦਇਆ ਕਰੇ ॥
ਘਰਿ ਆਉ ਪਿਆਰੇ ਦੁਤਰ ਤਾਰੇ ਤੁਧੁ ਬਿਨੁ ਅਢੁ ਨ ਮੋਲੋ ॥
ਕੀਮਤਿ ਕਉਣ ਕਰੇ ਤੁਧੁ ਭਾਵਾਂ ਦੇਖਿ ਦਿਖਾਵੈ ਢੋਲੋ ॥
ਦੂਰਿ ਨ ਜਾਨਾ ਅੰਤਰਿ ਮਾਨਾ ਹਰਿ ਕਾ ਮਹਲੁ ਪਛਾਨਾ ॥
ਨਾਨਕ ਵੈਸਾਖੀਂ ਪ੍ਰਭੁ ਪਾਵੈ ਸੁਰਤਿ ਸਬਦਿ ਮਨੁ ਮਾਨਾ ॥੬॥

ਮਾਹੁ ਜੇਠੁ ਭਲਾ ਪ੍ਰੀਤਮੁ ਕਿਉ ਬਿਸਰੈ ॥
ਥਲ ਤਾਪਹਿ ਸਰ ਭਾਰ ਸਾ ਧਨ ਬਿਨਉ ਕਰੈ ॥
ਧਨ ਬਿਨਉ ਕਰੇਦੀ ਗੁਣ ਸਾਰੇਦੀ ਗੁਣ ਸਾਰੀ ਪ੍ਰਭ ਭਾਵਾ ॥
ਸਾਚੈ ਮਹਲਿ ਰਹੈ ਬੈਰਾਗੀ ਆਵਣ ਦੇਹਿ ਤ ਆਵਾ ॥
ਨਿਮਾਣੀ ਨਿਤਾਣੀ ਹਰਿ ਬਿਨੁ ਕਿਉ ਪਾਵੈ ਸੁਖ ਮਹਲੀ ॥
ਨਾਨਕ ਜੇਠਿ ਜਾਣੈ ਤਿਸੁ ਜੈਸੀ ਕਰਮਿ ਮਿਲੈ ਗੁਣ ਗਹਿਲੀ ॥੭॥

ਆਸਾੜੁ ਭਲਾ ਸੂਰਜੁ ਗਗਨਿ ਤਪੈ ॥
ਧਰਤੀ ਦੂਖ ਸਹੈ ਸੋਖੈ ਅਗਨਿ ਭਖੈ ॥
ਅਗਨਿ ਰਸੁ ਸੋਖੈ ਮਰੀਐ ਧੋਖੈ ਭੀ ਸੋ ਕਿਰਤੁ ਨ ਹਾਰੇ ॥
ਰਥੁ ਫਿਰੈ ਛਾਇਆ ਧਨ ਤਾਕੈ ਟੀਡੁ ਲਵੈ ਮੰਝਿ ਬਾਰੇ ॥
ਅਵਗਣ ਬਾਧਿ ਚਲੀ ਦੁਖੁ ਆਗੈ ਸੁਖੁ ਤਿਸੁ ਸਾਚੁ ਸਮਾਲੇ ॥
ਨਾਨਕ ਜਿਸ ਨੋ ਇਹੁ ਮਨੁ ਦੀਆ ਮਰਣੁ ਜੀਵਣੁ ਪ੍ਰਭ ਨਾਲੇ ॥੮॥

ਸਾਵਣਿ ਸਰਸ ਮਨਾ ਘਣ ਵਰਸਹਿ ਰੁਤਿ ਆਏ ॥
ਮੈ ਮਨਿ ਤਨਿ ਸਹੁ ਭਾਵੈ ਪਿਰ ਪਰਦੇਸਿ ਸਿਧਾਏ ॥
ਪਿਰੁ ਘਰਿ ਨਹੀ ਆਵੈ ਮਰੀਐ ਹਾਵੈ ਦਾਮਨਿ ਚਮਕਿ ਡਰਾਏ ॥
ਸੇਜ ਇਕੇਲੀ ਖਰੀ ਦੁਹੇਲੀ ਮਰਣੁ ਭਇਆ ਦੁਖੁ ਮਾਏ ॥
ਹਰਿ ਬਿਨੁ ਨੀਦ ਭੂਖ ਕਹੁ ਕੈਸੀ ਕਾਪੜੁ ਤਨਿ ਨ ਸੁਖਾਵਏ ॥
ਨਾਨਕ ਸਾ ਸੋਹਾਗਣਿ ਕੰਤੀ ਪਿਰ ਕੈ ਅੰਕਿ ਸਮਾਵਏ ॥੯॥

ਭਾਦਉ ਭਰਮਿ ਭੁਲੀ ਭਰਿ ਜੋਬਨਿ ਪਛੁਤਾਣੀ ॥
ਜਲ ਥਲ ਨੀਰਿ ਭਰੇ ਬਰਸ ਰੁਤੇ ਰੰਗੁ ਮਾਣੀ ॥
ਬਰਸੈ ਨਿਸਿ ਕਾਲੀ ਕਿਉ ਸੁਖੁ ਬਾਲੀ ਦਾਦਰ ਮੋਰ ਲਵੰਤੇ ॥
ਪ੍ਰਿਉ ਪ੍ਰਿਉ ਚਵੈ ਬਬੀਹਾ ਬੋਲੇ ਭੁਇਅੰਗਮ ਫਿਰਹਿ ਡਸੰਤੇ ॥
ਮਛਰ ਡੰਗ ਸਾਇਰ ਭਰ ਸੁਭਰ ਬਿਨੁ ਹਰਿ ਕਿਉ ਸੁਖੁ ਪਾਈਐ ॥
ਨਾਨਕ ਪੂਛਿ ਚਲਉ ਗੁਰ ਅਪੁਨੇ ਜਹ ਪ੍ਰਭੁ ਤਹ ਹੀ ਜਾਈਐ ॥੧੦॥

ਅਸੁਨਿ ਆਉ ਪਿਰਾ ਸਾ ਧਨ ਝੂਰਿ ਮੁਈ ॥
ਤਾ ਮਿਲੀਐ ਪ੍ਰਭ ਮੇਲੇ ਦੂਜੈ ਭਾਇ ਖੁਈ ॥
ਝੂਠਿ ਵਿਗੁਤੀ ਤਾ ਪਿਰ ਮੁਤੀ ਕੁਕਹ ਕਾਹ ਸਿ ਫੁਲੇ ॥
ਆਗੈ ਘਾਮ ਪਿਛੈ ਰੁਤਿ ਜਾਡਾ ਦੇਖਿ ਚਲਤ ਮਨੁ ਡੋਲੇ ॥

ਦਹ ਦਿਸਿ ਸਾਖ ਹਰੀ ਹਰੀਆਵਲ ਸਹਜਿ ਪਕੈ ਸੋ ਮੀਠਾ ॥
ਨਾਨਕ ਅਸੁਨਿ ਮਿਲਹੁ ਪਿਆਰੇ ਸਤਿਗੁਰ ਭਏ ਬਸੀਠਾ ॥੧੧॥

ਕਤਕਿ ਕਿਰਤੁ ਪਇਆ ਜੋ ਪ੍ਰਭ ਭਾਇਆ ॥
ਦੀਪਕੁ ਸਹਜਿ ਬਲੈ ਤਤਿ ਜਲਾਇਆ ॥
ਦੀਪਕ ਰਸ ਤੇਲੋ ਧਨ ਪਿਰ ਮੇਲੋ ਧਨ ਓਮਾਹੈ ਸਰਸੀ ॥
ਅਵਗਣ ਮਾਰੀ ਮਰੈ ਨ ਸੀਝੈ ਗੁਣਿ ਮਾਰੀ ਤਾ ਮਰਸੀ ॥
ਨਾਮੁ ਭਗਤਿ ਦੇ ਨਿਜ ਘਰਿ ਬੈਠੇ ਅਜਹੁ ਤਿਨਾੜੀ ਆਸਾ ॥
ਨਾਨਕ ਮਿਲਹੁ ਕਪਟ ਦਰ ਖੋਲਹੁ ਏਕ ਘੜੀ ਖਟੁ ਮਾਸਾ ॥੧੨॥

ਮੰਘਰ ਮਾਹੁ ਭਲਾ ਹਰਿ ਗੁਣ ਅੰਕਿ ਸਮਾਵਏ ॥
ਗੁਣਵੰਤੀ ਗੁਣ ਰਵੈ ਮੈ ਪਿਰੁ ਨਿਹਚਲੁ ਭਾਵਏ ॥
ਨਿਹਚਲੁ ਚਤੁਰੁ ਸੁਜਾਣੁ ਬਿਧਾਤਾ ਚੰਚਲੁ ਜਗਤੁ ਸਬਾਇਆ ॥
ਗਿਆਨੁ ਧਿਆਨੁ ਗੁਣ ਅੰਕਿ ਸਮਾਣੇ ਪ੍ਰਭ ਭਾਣੇ ਤਾ ਭਾਇਆ ॥
ਗੀਤ ਨਾਦ ਕਵਿਤ ਕਵੇ ਸੁਣਿ ਰਾਮ ਨਾਮਿ ਦੁਖੁ ਭਾਗੈ ॥
ਨਾਨਕ ਸਾ ਧਨ ਨਾਹ ਪਿਆਰੀ ਅਭ ਭਗਤੀ ਪਿਰ ਆਗੈ ॥੧੩॥

ਪੋਖਿ ਤੁਖਾਰੁ ਪੜੈ ਵਣੁ ਤ੍ਰਿਣੁ ਰਸੁ ਸੋਖੈ ॥
ਆਵਤ ਕੀ ਨਾਹੀ ਮਨਿ ਤਨਿ ਵਸਹਿ ਮੁਖੇ ॥
ਮਨਿ ਤਨਿ ਰਵਿ ਰਹਿਆ ਜਗਜੀਵਨੁ ਗੁਰ ਸਬਦੀ ਰੰਗੁ ਮਾਣੀ ॥
ਅੰਡਜ ਜੇਰਜ ਸੇਤਜ ਉਤਭੁਜ ਘਟਿ ਘਟਿ ਜੋਤਿ ਸਮਾਣੀ ॥
ਦਰਸਨੁ ਦੇਹੁ ਦਇਆਪਤਿ ਦਾਤੇ ਗਤਿ ਪਾਵਉ ਮਤਿ ਦੇਹੋ ॥
ਨਾਨਕ ਰੰਗਿ ਰਵੈ ਰਸਿ ਰਸੀਆ ਹਰਿ ਸਿਉ ਪ੍ਰੀਤਿ ਸਨੇਹੋ ॥੧੪॥

ਮਾਘਿ ਪੁਨੀਤ ਭਈ ਤੀਰਥੁ ਅੰਤਰਿ ਜਾਨਿਆ ॥
ਸਾਜਨ ਸਹਜਿ ਮਿਲੇ ਗੁਣ ਗਹਿ ਅੰਕਿ ਸਮਾਨਿਆ ॥

ਪ੍ਰੀਤਮ ਗੁਣ ਅੰਕੇ ਸੁਣਿ ਪ੍ਰਭ ਬੰਕੇ ਤੁਧੁ ਭਾਵਾ ਸਰਿ ਨਾਵਾ ॥
ਗੰਗ ਜਮੁਨ ਤਹ ਬੇਣੀ ਸੰਗਮ ਸਾਤ ਸਮੁੰਦ ਸਮਾਵਾ ॥
ਪੁੰਨ ਦਾਨ ਪੂਜਾ ਪਰਮੇਸੁਰ ਜੁਗਿ ਜੁਗਿ ਏਕੋ ਜਾਤਾ ॥
ਨਾਨਕ ਮਾਘਿ ਮਹਾ ਰਸੁ ਹਰਿ ਜਪਿ ਅਠਸਠਿ ਤੀਰਥ ਨਾਤਾ ॥੧੫॥

ਫਲਗੁਨਿ ਮਨਿ ਰਹਸੀ ਪ੍ਰੇਮੁ ਸੁਭਾਇਆ ॥
ਅਨਦਿਨੁ ਰਹਸੁ ਭਇਆ ਆਪੁ ਗਵਾਇਆ ॥
ਮਨ ਮੋਹੁ ਚੁਕਾਇਆ ਜਾ ਤਿਸੁ ਭਾਇਆ ਕਰਿ ਕਿਰਪਾ ਘਰਿ ਆਓ ॥
ਬਹੁਤੇ ਵੇਸ ਕਰੀ ਪਿਰ ਬਾਝਹੁ ਮਹਲੀ ਲਹਾ ਨ ਥਾਓ ॥
ਹਾਰ ਡੋਰ ਰਸ ਪਾਟ ਪਟੰਬਰ ਪਿਰਿ ਲੋੜੀ ਸੀਗਾਰੀ ॥
ਨਾਨਕ ਮੇਲਿ ਲਈ ਗੁਰਿ ਅਪਣੈ ਘਰਿ ਵਰੁ ਪਾਇਆ ਨਾਰੀ ॥੧੬॥

ਬੇ ਦਸ ਮਾਹ ਰੁਤੀ ਥਿਤੀ ਵਾਰ ਭਲੇ ॥
ਘੜੀ ਮੂਰਤ ਪਲ ਸਾਚੇ ਆਏ ਸਹਜਿ ਮਿਲੇ ॥
ਪ੍ਰਭ ਮਿਲੇ ਪਿਆਰੇ ਕਾਰਜ ਸਾਰੇ ਕਰਤਾ ਸਭ ਬਿਧਿ ਜਾਣੈ ॥
ਜਿਨਿ ਸੀਗਾਰੀ ਤਿਸਹਿ ਪਿਆਰੀ ਮੇਲੁ ਭਇਆ ਰੰਗੁ ਮਾਣੈ ॥
ਘਰਿ ਸੇਜ ਸੁਹਾਵੀ ਜਾ ਪਿਰਿ ਰਾਵੀ ਗੁਰਮੁਖਿ ਮਸਤਕਿ ਭਾਗੋ ॥
ਨਾਨਕ ਅਹਿਨਿਸਿ ਰਾਵੈ ਪ੍ਰੀਤਮੁ ਹਰਿ ਵਰੁ ਥਿਰੁ ਸੋਹਾਗੋ ॥੧੭॥੧॥